ਰਾਗੁ ਗੂਜਰੀ ਮਹਲਾ ੩ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਧ੍ਰਿਗੁ ਇਵੇਹਾ ਜੀਵਣਾ ਜਿਤੁ ਹਰਿ ਪ੍ਰੀਤਿ ਨ ਪਾਇ ॥ ਜਿਤੁ ਕੰਮਿ ਹਰਿ ਵੀਸਰੈ ਦੂਜੈ ਲਗੈ ਜਾਇ ॥ ੧॥ ਐਸਾ ਸਤਿਗੁਰੁ ਸੇਵੀਐ ਮਨਾ ਜਿਤੁ ਸੇਵਿਐ ਗੋਵਿਦ ਪ੍ਰੀਤਿ ਊਪਜੈ ਅਵਰ ਵਿਸਰਿ ਸਭ ਜਾਇ ॥ ਹਰਿ ਸੇਤੀ ਚਿਤੁ ਗਹਿ ਰਹੈ ਜਰਾ ਕਾ ਭਉ ਨ ਹੋਵਈ ਜੀਵਨ ਪਦਵੀ ਪਾਇ ॥ ੧॥ ਰਹਾਉ ॥ ਗੋਬਿੰਦ ਪ੍ਰੀਤਿ ਸਿਉ ਇਕੁ ਸਹਜੁ ਉਪਜਿਆ ਵੇਖੁ ਜੈਸੀ ਭਗਤਿ ਬਨੀ ॥ ਆਪ ਸੇਤੀ ਆਪੁ ਖਾਇਆ ਤਾ ਮਨੁ ਨਿਰਮਲੁ ਹੋਆ ਜੋਤੀ ਜੋਤਿ ਸਮਈ ॥੨॥ ਬਿਨੁ ਭਾਗਾ ਐਸਾ ਸਤਿਗੁਰੁ ਨ ਪਾਈਐ ਜੇ ਲੋਚੈ ਸਭੁ ਕੋਇ ॥ ਕੂੜੈ ਕੀ ਪਾਲਿ ਵਿਚਹੁ ਨਿਕਲੈ ਤਾ ਸਦਾ ਸੁਖੁ ਹੋਇ ॥੩॥ ਨਾਨਕ ਐਸੇ ਸਤਿਗੁਰ ਕੀ ਕਿਆ ਓਹੁ ਸੇਵਕੁ ਸੇਵਾ ਕਰੇ ਗੁਰ ਆਗੈ ਜੀਉ ਧਰੇਇ ॥ ਸਤਿਗੁਰ ਕਾ ਭਾਣਾ ਚਿਤਿ ਕਰੇ ਸਤਿਗੁਰੁ ਆਪੇ ਕ੍ਰਿਪਾ ਕਰੇਇ ॥੪॥੧॥੩॥ {ਪੰਨਾ 490}

ਪਦਅਰਥ:- ਧ੍ਰਿਗੁ—ਫਿਟਕਾਰ-ਜੋਗ। ਜਿਤੁ—ਜਿਸ (ਜੀਊਣ) ਵਿਚ। ਜਿਤੁ ਕੰਮਿ—ਜਿਸ ਕੰਮ ਵਿਚ। ਦੂਜੈ—ਮਾਇਆ (ਦੇ ਮੋਹ) ਵਿਚ।1।

ਮਨਾ—ਹੇ ਮਨ! ਜਿਤੁ ਸੇਵਿਐ—ਜਿਸ ਦੀ ਸੇਵਾ ਕੀਤਿਆਂ। ਅਵਰ—ਹੋਰ ਦੀ (ਪ੍ਰੀਤਿ)। ਸੇਤੀ—ਨਾਲ। ਗਹਿ ਰਹੈ—ਜੁੜਿਆ ਰਹੇ। ਜਰਾ—ਬੁਢੇਪਾ। ਪਦਵੀ—ਦਰਜਾ।1। ਰਹਾਉ।

ਸਿਉ—ਨਾਲ। ਸਹਜੁ—ਆਤਮਕ ਅਡੋਲਤਾ। ਜੈਸੀ—ਅਸਚਰਜ ਜਿਹੀ। ਸੇਤੀ—ਨਾਲ। ਆਪ ਸੇਤੀ—ਮਨ ਦੀ ਰਾਹੀਂ। ਆਪੁ—ਆਪਾ-ਭਾਵ। ਜੋਤੀ—ਪਰਮਾਤਮਾ ਦੀ ਜੋਤਿ ਵਿਚ। ਜੋਤਿ—ਸੁਰਤਿ। ਸਮਈ—ਸਮਾਈ, ਲੀਨ ਹੋ ਗਈ।2।

ਸਭੁ ਕੋਇ—ਹਰੇਕ ਜੀਵ। ਕੂੜ—ਝੂਠ, ਮਾਇਆ ਦਾ ਮੋਹ। ਪਾਲਿ—ਕੰਧ।3।

ਜੀਉ—ਜਿੰਦ, ਆਪਣਾ ਆਪ। ਧਰੇਇ—ਧਰ ਦੇਂਦਾ ਹੈ। ਚਿਤਿ—ਚਿੱਤ ਵਿਚ।4।

ਅਰਥ:- ਹੇ ਮੇਰੇ ਮਨ! ਇਹੋ ਜਿਹੇ ਗੁਰੂ ਦੀ ਸਰਨ ਪੈਣਾ ਚਾਹੀਦਾ ਹੈ ਜਿਸ ਦੀ ਸਰਨ ਪਿਆਂ ਪਰਮਾਤਮਾ ਨਾਲ ਪਿਆਰ ਪੈਦਾ ਹੋ ਜਾਏ, ਅਤੇ ਹੋਰ (ਮਾਇਆ ਆਦਿਕ) ਦਾ ਪਿਆਰ ਸਾਰਾ ਭੁਲ ਜਾਏ, (ਜਿਸ ਦੀ ਸਰਨ ਪਿਆਂ) ਪਰਮਾਤਮਾ ਨਾਲ ਚਿੱਤ ਸਦਾ ਜੁੜਿਆ ਰਹੇ, ਅਤੇ ਇਹੋ ਜਿਹਾ ਆਤਮਕ ਜੀਵਨ ਦਾ ਦਰਜਾ ਮਿਲ ਜਾਏ ਜਿਸ ਨੂੰ ਕਦੇ ਬੁਢੇਪੇ ਦਾ ਡਰ ਨਾਹ ਹੋ ਸਕੇ (ਜੋ ਆਤਮਕ ਦਰਜਾ ਕਦੇ ਕਮਜ਼ੋਰ ਨਾਹ ਹੋ ਸਕੇ)।1। ਰਹਾਉ।

(ਹੇ ਮੇਰੇ ਮਨ!) ਇਹੋ ਜਿਹਾ ਜੀਵਨ ਫਿਟਕਾਰ-ਜੋਗ ਹੈ ਜਿਸ ਜੀਊਣ ਵਿਚ ਪਰਮਾਤਮਾ ਨਾਲ ਪਿਆਰ ਨਾਹ ਬਣੇ, (ਐਸਾ ਭੀ ਕੰਮ ਫਿਟਕਾਰ-ਜੋਗ ਹੈ) ਜਿਸ ਕੰਮ ਵਿਚ ਲੱਗਿਆਂ ਪਰਮਾਤਮਾ ਭੁੱਲ ਜਾਏ, ਅਤੇ ਮਨੁੱਖ ਮਾਇਆ ਦੇ ਮੋਹ ਵਿਚ ਜਾ ਫਸੇ।1।

ਹੇ ਭਾਈ! ਪਰਮਾਤਮਾ ਨਾਲ ਪਿਆਰ ਪਾਇਆਂ (ਮਨੁੱਖ ਦੇ ਅੰਦਰ) ਇਕ (ਅਚਰਜ) ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਹੈਰਾਨ ਕਰਨ ਵਾਲੀ ਭਗਤੀ (ਦਾ ਰੰਗ) ਬਣਦਾ ਹੈ। ਅੰਦਰੇ ਅੰਦਰ ਹੀ (ਮਨੁੱਖ ਦੇ ਅੰਦਰੋਂ) ਆਪਾ-ਭਾਵ (ਅਹੰਕਾਰ) ਮੁੱਕ ਜਾਂਦਾ ਹੈ, (ਜਦੋਂ ਆਪਾ-ਭਾਵ ਮੁੱਕਦਾ ਹੈ) ਤਦੋਂ ਮਨ ਪਵਿਤ੍ਰ ਹੋ ਜਾਂਦਾ ਹੈ, ਤਦੋ ਮਨੁੱਖ ਦੀ ਸੁਰਤਿ ਰੱਬੀ ਨੂਰ ਵਿਚ ਲੀਨ ਰਹਿੰਦੀ ਹੈ।2।

(ਪਰ, ਹੇ ਭਾਈ!) ਚਾਹੇ ਹਰੇਕ ਮਨੁੱਖ ਪਿਆ ਤਾਂਘ ਕਰੇ, ਕਿਸਮਤ ਤੋਂ ਬਿਨਾ ਅਜੇਹਾ ਗੁਰੂ ਨਹੀਂ ਮਿਲਦਾ (ਜਿਸ ਦੇ ਮਿਲਿਆਂ ਮਨੁੱਖ ਦੇ) ਅੰਦਰੋਂ ਮਾਇਆ ਦੇ ਮੋਹ ਵਾਲੀ ਕੰਧ ਦੂਰ ਹੋ ਜਾਏ। (ਜਦੋਂ ਇਹ ਕੰਧ ਨਿਕਲ ਜਾਂਦੀ ਹੈ ਤੇ ਹਰੀ ਨਾਲ ਮਿਲਾਪ ਹੋ ਜਾਂਦਾ ਹੈ) ਤਦੋਂ ਮਨੁੱਖ ਨੂੰ ਸਦਾ ਲਈ ਆਨੰਦ ਪ੍ਰਾਪਤ ਹੋ ਜਾਂਦਾ ਹੈ।3।

ਹੇ ਨਾਨਕ! (ਜਿਸ ਸੇਵਕ ਨੂੰ ਇਹੋ ਜਿਹਾ ਗੁਰੂ ਮਿਲ ਪੈਂਦਾ ਹੈ) ਉਹ ਸੇਵਕ ਅਜੇਹੇ ਗੁਰੂ ਦੀ ਕੀਹ ਸੇਵਾ ਕਰਦਾ ਹੈ? (ਬੱਸ, ਇਹੀ ਸੇਵਾ ਕਰਦਾ ਹੈ ਕਿ) ਗੁਰੂ ਦੇ ਅੱਗੇ ਆਪਣੀ ਜਿੰਦ ਭੇਟਾ ਕਰ ਦੇਂਦਾ ਹੈ (ਭਾਵ, ਉਹ ਸੇਵਕ) ਗੁਰੂ ਦੀ ਮਰਜ਼ੀ ਨੂੰ ਆਪਣੇ ਚਿੱਤ ਵਿਚ ਟਿਕਾ ਲੈਂਦਾ ਹੈ (ਗੁਰੂ ਦੇ ਹੁਕਮ ਵਿਚ ਤੁਰਦਾ ਹੈ। ਪਰ ਭਾਣਾ ਮੰਨਾਣਾ ਭੀ ਕੋਈ ਸੌਖੀ ਖੇਡ ਨਹੀਂ, ਜਿਸ ਮਨੁੱਖ ਉਤੇ) ਗੁਰੂ ਆਪ ਹੀ ਕਿਰਪਾ ਕਰਦਾ ਹੈ (ਉਹ ਮਨੁੱਖ ਗੁਰੂ ਦੇ ਹੁਕਮ ਨੂੰ ਸਦਾ ਮੰਨਦਾ ਹੈ)।4।1।3।